ਨੰ: 11/15/2005-2ਸਿ.3/ 9192

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ
ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ,
ਢਾਹਾਂ ਕਲੇਰਾਂ (ਨਵਾਂਸ਼ਹਿਰ)

ਮਿਤੀ,ਚੰਡੀਗੜ੍ਹ: 26-4-05

ਵਿਸ਼ਾ:- ਸੀ.ਬੀ..ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:) ,ਨਵਾਂਸ਼ਹਿਰ ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ (ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਸੀ.ਬੀ..ਐਸ.ਈ. ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

29/01/19

Principal
Guru Nanak Mission Public Sen. Sec. School
Dhahan Kaleran (S.B.S. Nagar)

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

Jkaur

ਪ੍ਰਮੁੱਖ ਸਕੱਤਰ,ਸਕੂਲ ਸਿੱਖਿਆ

ਮਿਤੀ,ਚੰਡੀਗੜ੍ਹ:

ਪਿੱਠ ਅੰਕਣ ਨੰ:11/15/2005-2ਸਿ.3/

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਈਵੇਟ ਏਡਿਡ (ਸ),ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ:15/55-2004-ਗ੍ਰਾਂਟ-1(5) ਮਿਤੀ 18-3-2005 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸਹੀ

ਸੁਪਰਡੰਟ

Attested

(Principal)

Guru Nanak Mission Public Sr. Sec. School

Principal

Guru Nanak Mission Public Sen. Sec. School

Dhahan Kaleran (S.B.S. Nagar)